ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਮਿਸ਼ਨ ਫ਼ਤਿਹ: ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਸਬੰਧੀ 3841 ਸੈਂਪਲ ਨੈਗੇਟਿਵ

ਕੁੱਲ 4239 ਸੈਂਪਲ ਲਏ; 334 ਦੀ ਰਿਪੋਰਟ ਪੈਂਡਿੰਗ

ਪਾਜ਼ੇਟਿਵ ਪਾਏ ਗਏ 64 ਵਿਅਕਤੀਆਂ ਵਿੱਚੋਂ 57 ਇਲਾਜ ਉਪਰੰਤ ਘਰਾਂ ਨੂੰ ਪਰਤੇ

ਫ਼ਤਹਿਗੜ੍ਹ ਸਾਹਿਬ, 03 ਜੂਨ

'ਮਿਸ਼ਨ ਫ਼ਤਿਹ: ਪੰਜਾਬ ਫਾਈਟਸ ਕੋਰੋਨਾ' ਤਹਿਤ ਪੰਜਾਬ ਸਰਕਾਰ ਵੱਲੋਂ ਕੋਰੋਨਾ 'ਤੇ ਫ਼ਤਿਹ ਪਾਉਣ ਲਈ ਦਿਨ ਰਾਤ ਇਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ ਤੇ ਜ਼ਿਲ੍ਹੇ ਵਿੱਚ ਹੁਣ ਤੱਕ ਕੋਰੋਨਾ ਸਬੰਧੀ 3841 ਸੈਂਪਲ ਨੈਗੇਟਿਵ ਆਏ ਹਨ ਤੇ ਹੁਣ ਤੱਕ ਕੁੱਲ 4239 ਸੈਂਪਲ ਲਏ ਜਾ ਚੁੱਕੇ ਹਨ ਤੇ ਤੇ 334 ਦੀ ਰਿਪੋਰਟ ਪੈਂਡਿੰਗ ਹੈ। ਇਹ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ਼੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਹੁਣ ਤੱਕ 64 ਵਿਅਕਤੀ ਕੋਰੋਨਾ ਪਾਜ਼ੇਟਿਵ ਪਾਏ ਗਏ ਹਨ, ਜਿਨ੍ਹਾਂ ਵਿੱਚੋਂ 57 ਵਿਅਕਤੀ ਇਲਾਜ ਉਪਰੰਤ ਘਰਾਂ ਨੂੰ ਪਰਤ ਚੁੱਕੇ ਹਨ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੋਰੋਨਾ ਤੋਂ ਬਚਾਅ ਸਬੰਧੀ ਦਿਨ ਰਾਤ ਇੱਕ ਕਰ ਕੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਕੋਰੋਨਾ ਤੋਂ ਬਚਾਅ ਸਬੰਧੀ ਮਾਸਕ ਪਾਉਣ, ਸਮਾਜਕ ਵਿੱਥ ਰੱਖਣ ਅਤੇ ਵਾਰ ਵਾਰ ਹੱਥ ਧੋਣ ਜਾਂ ਸੈਨੇਟਾਈਜ਼ ਕਰਨ ਸਬੰਧੀ ਢਿੱਲ ਨਹੀਂ ਕਰਨੀ ਚਾਹੀਦੀ। ਉਨ੍ਹਾਂ ਕਿਹਾ ਕਿ ਬਿਨਾਂ ਮਾਸਕ ਲਾਏ ਜਾਂ ਮੂੰਹ ਢਕੇ ਬਿਨਾਂ ਘਰੋਂ ਬਾਹਰ ਨਿਕਲਣ ਜਾਂ ਸਮਾਜਕ ਵਿੱਥ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਕਾਨੂੰਨ ਮੁਤਾਬਕ ਕਾਰਵਾਈ ਕੀਤੀ ਜਾ ਰਹੀ ਹੈ।

ਡਿਪਟੀ ਕਮਿਸ਼ਨਰ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇਨ ਬਿਨ ਪਾਲਣਾ ਯਕੀਨੀ ਬਣਾਉਂਦਿਆਂ ਕੋਰੋਨਾ ਖਿਲਾਫ ਜੰਗ ਫ਼ਤਿਹ ਕਰਨ ਵਿੱਚ ਪੰਜਾਬ ਸਰਕਾਰ ਨੂੰ ਸਹਿਯੋਗ ਦੇਣ।

ਕੈਪਸ਼ਨ:-ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਜ਼ਿਲ੍ਹੇ ਵਿੱਚ ਕੋਰੋਨਾ ਸਬੰਧੀ ਲਏ ਸੈਂਪਲਾਂ ਬਾਰੇ ਜਾਣਕਾਰੀ ਦਿੰਦੇ ਹੋਏ।

ਜ਼ਿਲ੍ਹਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ੍ਹ ਸਾਹਿਬ

ਮਿਸ਼ਨ ਫ਼ਤਿਹ: ਕੋਰੋਨਾ ਸਬੰਧੀ ਸਾਵਧਾਨੀਆਂ ਵਰਤਦਿਆਂ ਵਿਕਾਸ ਕਾਰਜ ਜਾਰੀ

ਕਿਸੇ ਵੀ ਹਾਲਾਤ ਵਿੱਚ ਨਹੀਂ ਟੁੱਟਣ ਦਿੱਤੀ ਵਿਕਾਸ ਦੀ ਡੋਰ: ਨਾਗਰਾ

ਸਰਾਏ ਬਣਜਾਰਾ-ਭਗੜਾਣਾ ਰੋਡ ਤੋਂ ਚੋਲਟੀ ਖੇੜੀ ਜਾਂਦੀ 01.30 ਕਿਲੋਮੀਟਰ ਸੜਕ ਦੀ ਵਿਸ਼ੇਸ਼ ਰਿਪੇਅਰ ਕਰਵਾਈ

ਕੋਰੋਨਾ ਤੋਂ ਬਚਾਅ ਸਬੰਧੀ ਸਾਰੀਆਂ ਸਾਵਧਾਨੀਆਂ ਅਪਨਾਉਣ ਦੀ ਅਪੀਲ

ਫ਼ਤਹਿਗੜ੍ਹ ਸਾਹਿਬ, 03 ਜੂਨ

'ਮਿਸ਼ਨ ਫ਼ਤਿਹ: ਪੰਜਾਬ ਫਾਈਟਸ ਕੋਰੋਨਾ' ਤਹਿਤ ਪੰਜਾਬ ਸਰਕਾਰ ਦਿਨ ਰਾਤ ਇਕ ਕਰ ਕੇ ਜਿੱਥੇ ਕੋਰੋਨਾ ਖਿਲਾਫ ਜੰਗ ਜਿੱਤਣ ਲਈ ਯਤਨਸ਼ੀਲ ਹੈ, ਉਥੇ ਕੋਰੋਨਾ ਤੋਂ ਬਚਾਅ ਸਬੰਧੀ ਸਾਵਧਾਨੀਆਂ ਵਰਤਦਿਆਂ ਵਿਕਾਸ ਕਾਰਜ ਵੀ ਜਾਰੀ ਹਨ। ਪੰਜਾਬ ਸਰਕਾਰ ਨੇ ਕਿਸੇ ਵੀ ਹਾਲਾਤ ਵਿੱਚ ਵਿਕਾਸ ਕਾਰਜ ਰੁਕਣ ਨਹੀਂ ਦਿੱਤੇ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਕਰਦਿਆਂ ਹਲਕਾ ਫ਼ਤਹਿਗੜ੍ਹ ਸਾਹਿਬ ਦੇ ਵਿਧਾਇਕ ਕੁਲਜੀਤ ਸਿੰਘ ਨਾਗਰਾ ਨੇ ਕਿਹਾ ਕਿ ਹਲਕੇ ਦੀਆਂ ਸੜਕਾਂ ਸਮੇਤ ਵੱਖ-ਵੱਖ ਵਿਕਾਸ ਕਾਰਜ ਲਗਾਤਾਰ ਜਾਰੀ ਹਨ ਤੇ ਇਸ ਦੌਰਾਨ ਕੋਰੋਨਾ ਤੋਂ ਬਚਾਅ ਸਬੰਧੀ ਸਾਰੀਆਂ ਸਾਵਧਾਨੀਆਂ ਵਰਤੀਆਂ ਜਾ ਰਹੀਆਂ ਹਨ।

ਸ. ਨਾਗਰਾ ਨੇ ਦੱਸਿਆ ਕਿ ਜਿਥੇ ਕਰੋੜਾਂ ਰੁਪਏ ਦੀ ਲਾਗਤ ਨਾਲ ਹਲਕੇ ਦੀਆਂ ਵੱਖ-ਵੱਖ ਸੜਕਾਂ ਦੀ ਵਿਸ਼ੇਸ਼ ਰਿਪੇਅਰ ਤੇ ਨਵਨਿਰਮਾਣ ਦਾ ਕੰਮ ਜਾਰੀ ਹੈ, ਉਥੇ ਵੱਡੀ ਗਿਣਤੀ ਸੜਕਾਂ ਸਬੰਧੀ ਵਿਕਾਸ ਕਾਰਜ ਨਾਲੋ ਨਾਲ ਪੂਰੇ ਹੁੰਦੇ ਜਾ ਰਹੇ ਹਨ, ਜਿਸ ਸਦਕਾ ਹਲਕਾ ਫ਼ਤਹਿਗੜ੍ਹ ਸਾਹਿਬ ਵਿਕਾਸ ਪੱਖੋਂ ਮਿਸਾਲ ਬਣ ਕੇ ਉੱਭਰ ਰਿਹਾ ਹੈ। ਇਸੇ ਤਹਿਤ ਪਿੰਡ ਸਰਾਏ ਬਣਜਾਰਾ-ਭਗੜਾਣਾ ਰੋਡ ਤੋਂ ਚੋਲਟੀ ਖੇੜੀ ਜਾਂਦੀ 01.30 ਕਿਲੋਮੀਟਰ ਸੜਕ ਦੀ 13.28 ਲੱਖ ਰੁਪਏ ਦੀ ਵਿਸ਼ੇਸ਼ ਰਿਪੇਅਰ ਕਰਵਾਈ ਗਈ ਹੈ।

ਹਲਕਾ ਵਿਧਾਇਕ ਨੇ ਦੱਸਿਆ ਕਿ ਇਸ ਸੜਕ ਦੀ ਵਿਸ਼ੇਸ਼ ਮੁਰੰਮਤ ਹੋਣ ਨਾਲ ਇਸ ਖੇਤਰ ਦੇ ਲੋਕਾਂ ਦੀ ਚਿਰਕੋਣੀ ਮੰਗ ਪੂਰੀ ਹੋਈ ਹੈ। ਉਨ੍ਹਾਂ ਕਿਹਾ ਕਿ ਹਲਕੇ ਦੇ ਵਿਕਾਸ ਵਿੱਚ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਪੂਰੀ ਮਿਹਨਤ ਨਾਲ ਕੋਰੋਨਾ ਤੋਂ ਬਚਾਅ ਸਬੰਧੀ ਕਾਰਜ ਕਰ ਰਹੀ ਹੈ ਪਰ ਕਿਸੇ ਵੀ ਮੁਹਿੰਮ ਦੀ ਕਾਮਯਾਬੀ ਲਈ ਲੋਕਾਂ ਦਾ ਸਹਿਯੋਗ ਲਾਜ਼ਮੀ ਹੈ। ਇਸ ਲਈ ਲੋਕ ਕੋਰੋਨਾ ਤੋਂ ਬਚਾਅ ਸਬੰਧੀ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਉਂਦਿਆਂ ਮਿਸ਼ਨ ਫ਼ਤਿਹ ਵਿੱਚ ਪੰਜਾਬ ਸਰਕਾਰ ਨੂੰ ਸਹਿਯੋਗ ਦੇਣ।

ਕੈਪਸ਼ਨ:-ਵਿਧਾਇਕ ਕੁਲਜੀਤ ਸਿੰਘ ਨਾਗਰਾ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਦਿੰਦੇ ਹੋਏ।

-ਵਿਸ਼ੇਸ਼ ਮੁਰੰਮਤ ਉਪਰੰਤ ਪਿੰਡ ਸਰਾਏ ਬਣਜਾਰਾ-ਭਗੜਾਣਾ ਰੋਡ ਤੋਂ ਚੋਲਟੀ ਖੇੜੀ ਜਾਂਦੀ ਸੜਕ।

ਜ਼ਿਲ੍ਹਾ ਲੋਕ ਸੰਪਰਕ ਦਫਤਰ, ਫ਼ਤਹਿਗੜ੍ਹ ਸਾਹਿਬ

ਟਿੱਡੀ ਦਲ ਸਬੰਧੀ ਜਾਣਕਾਰੀ ਲੈਣ ਤੇ ਹਮਲੇ ਦੀ ਸੂਚਨਾ ਦੇਣ ਸਬੰਧੀ ਕੰਟਰੋਲ ਰੂਮ ਸਥਾਪਿਤ

ਟਿੱਡੀ ਦਲ ਦੇ ਹਮਲੇ ਤੋਂ ਘਬਰਾਉਣ ਦੀ ਲੋੜ ਨਹੀਂ ਸਿਰਫ ਸੁਚੇਤ ਰਹਿਣ ਦੀ ਲੋੜ

ਫ਼ਤਹਿਗੜ੍ਹ ਸਾਹਿਬ, 03 ਜੂਨ

ਡਾ. ਇੰਦਰਪਾਲ ਸਿੰਘ ਸੰਧੂ, ਮੁੱਖ ਖੇਤੀਬਾੜੀ ਅਫਸਰ, ਫਤਹਿਗੜ੍ਹ ਸਾਹਿਬ ਨੇ ਦੱਸਿਆ ਕਿ ਟਿੱਡੀ ਦਲ ਦੇ ਸੰਭਾਵੀ ਹਮਲੇ ਦੇ ਖਤਰੇ ਨੂੰ ਦੇਖਦੇ ਹੋਏ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਪੂਰੀ ਤਿਆਰੀ ਕੀਤੀ ਗਈ ਹੈ ਤੇ ਕਿਸਾਨਾਂ ਨੂੰ ਟਿੱਡੀ ਦਲ ਦੇ ਹਮਲੇ ਤੋਂ ਘਬਰਾਉਣ ਦੀ ਲੋੜ ਨਹੀਂ ਸਿਰਫ ਸੁਚੇਤ ਰਹਿਣ ਦੀ ਲੋੜ ਹੈ। ਉਨ੍ਹਾਂ ਨੇ ਦੱਸਿਆ ਕਿ ਟਿੱਡੀ ਦਲ ਸਬੰਧੀ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਲਈ ਅਤੇ ਇਸ ਦੇ ਹਮਲੇ ਸਬੰਧੀ ਖਬਰ ਦੇਣ ਲਈ ਜ਼ਿਲ੍ਹਾ ਅਤੇ ਬਲਾਕ ਪੱਧਰ 'ਤੇ ਕੰਟਰੋਲ ਰੂਮ ਸਥਾਪਿਤ ਕੀਤੇ ਗਏ ਹਨ।

ਜਿਲ੍ਹਾ ਪੱਧਰ 'ਤੇ ਡਾ. ਕੁਲਵਿੰਦਰ ਸਿੰਘ, ਖੇਤੀਬਾੜੀ ਅਫਸਰ-ਕਮ-ਨੋਡਲ ਅਫਸਰ ਫੋਨ ਨੰ:-98721-00781, ਡਾ. ਸਤੀਸ਼ ਕੁਮਾਰ, ਖੇਤੀਬਾੜੀ ਵਿਕਾਸ ਅਫਸਰ, ਕੋ-ਨੋਡਲ ਅਫਸਰ ਫੋਨ ਨੰ-97589-00047 ਅਤੇ ਬਲਾਕ ਪੱਧਰ 'ਤੇ ਡਾ. ਰਾਮ ਸਿੰਘ ਪਾਲ, ਖੇਤੀਬਾੜੀ ਵਿਕਾਸ ਅਫਸਰ, ਸਰਹਿੰਦ ਫੋਨ ਨੰ-81466-76217, ਡਾ. ਦਮਨ ਝਾਂਜੀ, ਖੇਤੀਬਾੜੀ ਵਿਕਾਸ ਅਫਸਰ, ਖਮਾਣੋਂ ਫੋਨ ਨੰ-95929-90237, ਡਾ. ਸਿਰਤਾਜ ਸਿੰਘ, ਖੇਤੀਬਾੜੀ ਵਿਕਾਸ ਅਫਸਰ, ਖੇੜਾ ਫੋਨ ਨੰ-94636-56714, ਡਾ. ਸੁਨਿੰਦਰ ਸਿੰਘ, ਖੇਤੀਬਾੜੀ ਵਿਕਾਸ ਅਫਸਰ, ਬਸੀ ਪਠਾਣਾਂ, ਫੋਨ ਨੰ- 96466-67655 ਅਤੇ ਡਾ. ਰਮਨਦੀਪ ਸਿੰਘ, ਖੇਤੀਬਾੜੀ ਉੱਪ ਨਿਰੀਖਕ, ਅਮਲੋਹ ਫੋਨ ਨੰ-95014-02326 'ਤੇ ਸਪੰਰਕ ਕੀਤਾ ਜਾ ਸਕਦਾ ਹੈ।

ਡਾ. ਸੰਧੂ ਨੇ ਦੱਸਿਆ ਕਿ ਟਿੱਡੀ ਦਲ ਸ਼ਾਮ ਵੇਲੇ ਖੇਤਾਂ ਵਿੱਚ ਜਾਂ ਉੱਚੇ ਦਰੱਖਤਾਂ 'ਤੇ ਬੈਠ ਜਾਂਦਾ ਹੈ ਅਤੇ ਅਗਲੇ ਦਿਨ ਸੂਰਜ ਚੜ੍ਹਨ ਸਮੇਂ ਤੱਕ ਬੈਠਾ ਰਹਿੰਦਾ ਹੈ। ਇਸ ਦੀ ਰੋਕਥਾਮ ਮੁਹਿੰਮ ਵਿੱਚ ਸਰਕਾਰ ਦੇ ਨਾਲ ਨਾਲ ਕਿਸਾਨਾਂ ਦੀ ਸ਼ਮੂਲੀਅਤ ਬਹੁਤ ਜ਼ਰੂਰੀ ਅਤੇ ਵਡਮੁੱਲੀ ਹੈ। ਜੇਕਰ ਟਿੱਡੀ ਦਲ ਦਾ ਹਮਲਾ ਹੁੰਦਾ ਹੈ ਤਾਂ ਕਿਸਾਨਾਂ ਵੱਲੋਂ ਦਿਨ ਸਮੇਂ ਖੜਾਕ ਕਰ ਕੇ, ਢੋਲ ਵਜਾ ਕੇ, ਪੀਪੇ ਜਾਂ ਭਾਂਡੇ ਖੜਕਾ ਕੇ, ਉੱਚੀ ਆਵਾਜ਼ ਵਿੱਚ ਖੇਤਾਂ ਵਿੱਚ ਸਪੀਕਰਾਂ ਰਾਂਹੀ ਸ਼ੋਰ ਮਚਾ ਕੇ, ਟਿੱਡੀ ਦਲ ਨੂੰ ਫਸਲਾਂ 'ਤੇ ਬੈਠਣ ਤੋਂ ਰੋਕਿਆ ਜਾਵੇ।

ਡਾ. ਸੰਧੂ ਨੇ ਦੱਸਿਆ ਕਿ ਟਿੱਡੀ ਦਲ ਦੇ ਸ਼ਾਮ ਸਮੇਂ ਬੈਠਣ ਉਪਰੰਤ ਇਸ ਦੇ ਕੰਟਰੋਲ ਲਈ ਉਸੇ ਸਮੇਂ ਖੇਤੀਬਾੜੀ ਵਿਭਾਗ ਵੱਲੋਂ ਕੀੜੇਮਾਰ ਦਵਾਈਆਂ ਸਪਰੇਅ ਕਰਨ ਹਿੱਤ ਮੁਹਿੰਮ ਚਲਾਈ ਜਾਵੇਗੀ। ਉਨ੍ਹਾਂ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਸਪਰੇਅ ਪੰਪਾਂ ਸਮੇਤ ਮੁਹਿੰਮ ਵਿੱਚ ਸ਼ਾਮਲ ਹੋਣ ਲਈ ਤਿਆਰ ਰਹਿਣ ਅਤੇ ਪਾਣੀ ਲਈ ਆਪਣੇ ਆਪਣੇ ਟਿਊਬਵੈਲਾਂ 'ਤੇ ਪ੍ਰਬੰਧ ਕਰਨ ਤਾਂ ਜੋ ਕੀੜੇਮਾਰ ਦਵਾਈ ਦੀ ਸਪਰੇਅ ਕਰ ਕੇ ਟਿੱਡੀ ਦਲ ਤੋਂ ਬਚਾਅ ਕੀਤਾ ਜਾ ਸਕੇ।

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਨਜਾਇਜ਼ ਸ਼ਰਾਬ ਸਮੇਤ ਦੋ ਮੁਲਜ਼ਮ ਕਾਬੂ

80 ਪੇਟੀਆਂ ਨਜਾਇਜ਼ ਸ਼ਰਾਬ ਬਰਾਮਦ

ਫਤਹਿਗੜ੍ਹ ਸਾਹਿਬ, 03 ਜੂਨ

ਜ਼ਿਲ੍ਹਾ ਪੁਲਿਸ ਮੁਖੀ ਸ੍ਰੀਮਤੀ ਅਮਨੀਤ ਕੌਂਡਲ ਵੱਲੋਂ ਨਸ਼ਾ ਤਸਕਰਾਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਐਸ.ਪੀ.(ਜਾਂਚ) ਹਰਪਾਲ ਸਿੰਘ ਦੀਆਂ ਹਦਾਇਤਾਂ ਮੁਤਾਬਿਕ ਡੀ ਐਸ ਪੀ (ਜਾਂਚ) ਜਸਵਿੰਦਰ ਸਿੰਘ ਟਿਵਾਣਾ ਦੀ ਨਿਗਰਾਨੀ ਹੇਠ ਇੰਸਪੈਕਟਰ ਭੁਪਿੰਦਰ ਸਿੰਘ ਇੰਚਾਰਜ ਸੀ ਆਈ ਏ ਸਟਾਫ ਸਰਹਿੰਦ ਦੀ ਅਗਵਾਈ ਵਿੱਚ ਏ ਐਸ ਆਈ ਜਗਦੀਪ ਸਿੰਘ ਸਮੇਤ ਪੁਲਿਸ ਪਾਰਟੀ ਅਤੇ ਐਕਸਾਇਜ਼ ਇੰਸਪੈਕਟਰ ਸਤਿੰਦਰ ਮੱਲੀ ਨੇ ਪਿੰਡ ਭਮਾਰਸੀ ਜੇਰ ਨੇੜਿਓ ਇੱਕ ਫਾਰਮ ਹਾਊਸ ਟਾਈਪ ਮੋਟਰ ਤੋਂ 80 ਪੇਟੀਆਂ (960 ਬੋਤਲਾਂ) ਨਜਾਇਜ਼ ਸ਼ਰਾਬ ਬਰਾਮਦ ਕਰਕੇ ਦੋ ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਹੈ।
ਇਸ ਸਬੰਧ ਜਾਣਕਾਰੀ ਦਿੰਦਿਆਂ ਐਸ ਪੀ ਜਾਂਚ ਹਰਪਾਲ ਸਿੰਘ ਨੇ ਦੱਸਿਆ ਕਿ ਪੁਲਿਸ ਨੂੰ ਇਤਲਾਹ ਮਿਲੀ ਸੀ ਕਿ ਕਮਲਜੀਤ ਸਿੰਘ ਉਰਫ ਬਚੀ ਵਾਸੀ ਪਿੰਡ ਲੁਹਾਰ ਮਾਜਰਾ ਅਤੇ ਗੁਰਜੰਟ ਸਿੰਘ ਉਰਫ ਜੰਟਾ ਪਿੰਡ ਭੋਜੀਆਂ ਜ਼ਿਲ੍ਹਾ ਤਰਨਤਾਰਨ (ਹਾਲ ਕਰਿੰਦਾ ਠੇਕੇਦਾਰ ਸ਼ਰਾਬ), ਸੁਖਵਿੰਦਰ ਸਿੰਘ ਉਰਫ ਜੱਸੀ ਵਾਸੀ ਪਿੰਡ ਬਰੌਂਗਾਂ ਦੀ ਨਿਗਰਾਨੀ ਹੇਠ ਸ਼ਰਾਬ ਵੇਚਣ ਦਾ ਧੰਦਾ ਕਰਦੇ ਹਨ। ਇਹ ਵਿਅਕਤੀ ਅਰੁਣਾਚਲ ਪ੍ਰਦੇਸ਼ ਵਿੱਚ ਵੇਚੇ ਜਾਣ ਵਾਲੀ ਸ਼ਰਾਬ ਚੰਡੀਗੜ੍ਹ ਤੋਂ ਸਸਤੇ ਭਾਅ ਲਿਆ ਕਿ ਥਾਣਾ ਸਰਹਿੰਦ ਏਰੀਏ ਵਿੱਚ ਵੇਚਦੇ ਹਨ।
ਉਨ੍ਹਾਂ ਦੱਸਿਆ ਕਿ ਫਾਰਮ ਹਾਊਸ ਵਰਗੀ ਮੋਟਰ 'ਤੇ ਰੇਡ ਮੌਕੇ ਜਿੱਥੇ ਸਟੋਰ ਕਰਕੇ ਰੱਖੀ ਨਾਜ਼ਾਇਜ਼ ਸ਼ਰਾਬ ਬਰਾਮਦ ਕੀਤੀ ਗਈ ਉੱਥੇ ਕਮਲਜੀਤ ਸਿੰਘ ਅਤੇ ਗੁਰਜੰਟ ਸਿੰਘ ਨੂੰ ਮੌਕੇ ਤੇ ਕਾਬੂ ਕੀਤਾ ਗਿਆ। ਹਾਲਾਂਕਿ ਸੁਖਵਿੰਦਰ ਸਿੰਘ ਉਰਫ ਜੱਸੀ ਮੌਕੇ ਤੋਂ ਫਰਾਰ ਹੋ ਗਿਆ। ਮੁਲਜ਼ਮਾਂ ਖਿਲਾਫ ਆਬਕਾਰੀ ਐਕਟ ਤਹਿਤ ਥਾਣਾ ਸਰਹਿੰਦ ਵਿਖੇ ਕੇਸ ਦਰਜ਼ ਕੀਤਾ ਗਿਆ ਹੈ।
ਐਸ ਪੀ ਹਰਪਾਲ ਸਿੰਘ ਨੇ ਦੱਸਿਆ ਕਿ ਐਨ ਡੀ ਪੀ ਐਸ ਐਕਟ ਤਹਿਤ ਥਾਣਾ ਮੂਲੇਪੁਰ ਦੇ ਪੀ.ਓ. ਹਰਵਿੰਦਰ ਸਿੰਘ ਉਰਫ ਕਾਲਾ ਵਾਸੀ ਪਿੰਡ ਬਰੌਂਗਾਂ ਨੂੰ ਕੇਂਦਰੀ ਜੇਲ ਲੁਧਿਆਣਾ ਤੋਂ ਪ੍ਰੋਡਕਸ਼ਨ ਵਾਰੰਟ ਤੇ ਲਿਆ ਕਿ ਉਕਤ ਮੁਕੱਦਮੇ ਵਿੱਚ ਗ੍ਰਿਫਤਾਰੀ ਪਾਈ ਗਈ ਹੈ।
ਕੈਪਸ਼ਨ : ਪੁਲਿਸ ਵੱਲੋਂ ਨਜ਼ਾਇਜ਼ ਸ਼ਰਾਬ ਸਮੇਤ ਗ੍ਰਿਫਤਾਰ ਕੀਤੇ ਮੁਲਜ਼ਮ।